# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 03-10-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖ਼ਬਰਾਂ</u>**

- ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ  ਅਮਿਤ ਸ਼ਾਹ ਨੇ ਹਰਿਆਣਾ ਦੇ ਰੋਹਤਕ ਵਿੱਚ ਸਾਬਰ ਡੇਅਰੀ ਪਲਾਂਟ ਦਾ ਉਦਘਾਟਨ ਕੀਤਾ-ਕਿਹਾ ਦੇਸ਼ ਦੇ ਡੇਅਰੀ ਸੈਕਟਰ ਵਿੱਚ ਪਿਛਲੇ 11 ਸਾਲਾਂ ਵਿੱਚ 70 ਫੀਸਦੀ ਦਾ ਬੇਮਿਸਾਲ ਵਾਧਾ ਹੋਇਆ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਸੂਬੇ ਭਰ ਦੀਆਂ ਲਿੰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡੇਸ਼ਨ ਦੇ ਕੰਮ ਦੀ ਸ਼ੁਰੂਆਤ-ਸੂਬੇ 'ਚ ਸੜਕਾਂ 'ਤੇ 3 ਹਜ਼ਾਰ 425 ਕਰੋੜ ਰੁਪਏ ਖਰਚੇ ਜਾਣਗੇ।
- ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਜ਼ਿਮਨੀ ਚੋਣ ਲਈ ਹਰਮੀਤ ਸਿੰਘ ਸੰਧੂ ਨੂੰ ਉਮੀਦਵਾਰ ਐਲਾਨਿਆ ਗਿਆ।
- ਪੰਜਾਬ ਸਰਕਾਰ ਵੱਲੋਂ ਆਸ਼ਾ ਵਰਕਰਾਂ ਅਤੇ ਫੈਸੀਲੀਟੇਟਰਾਂ ਨੂੰ ਜਣੇਪਾ ਛੁੱਟੀ ਦਾ ਲਾਭ ਦੇਣ ਸਬੰਧੀ ਨੋਟੀਫਿਕੇਸ਼ਨ ਜਾਰੀ

- ਮੌਸਮ ਵਿਭਾਗ ਨੇ ਪੰਜਾਬ ਵਿੱਚ 5 ਤੋਂ 7 ਅਕਤੂਬਰ ਤੱਕ ਗਰਜ ਤੇ ਤੇਜ਼ ਹਵਾਵਾਂ ਦੇ ਨਾਲ ਭਾਰੀ ਤੋਂ ਬਹੁਤ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ।

## ਹੁਣ ਖ਼ਬਰਾਂ ਵਿਸਥਾਰ ਨਾਲ

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਦੇਸ਼ ਦੇ ਡੇਅਰੀ ਸੈਕਟਰ ਵਿੱਚ ਪਿਛਲੇ 11 ਸਾਲਾਂ ਵਿੱਚ 70 ਫੀਸਦੀ ਦੀ ਬੇਮਿਸਾਲ ਵਾਧਾ ਹੋਇਆ ਏ। ਉਨ੍ਹਾਂ ਕਿਹਾ ਕਿ ਇਹ ਦੁਨੀਆ ਦਾ ਸਭ ਤੋਂ ਤੇਜ਼ੀ ਨਾਲ ਵਧ ਰਿਹਾ ਖੇਤਰ ਏ। ਮੰਤਰੀ ਨੇ ਅੱਜ ਰੋਹਤਕ ਆਈ.ਐਮ.ਟੀ ਵਿਖੇ ਸਾਬਰ ਡੇਅਰੀ ਦੇ ਨਵੇਂ ਬਣੇ ਪਲਾਂਟ ਦਾ ਉਦਘਾਟਨ ਕੀਤਾ।

ਇਸ ਮੌਕੇ ਸਬੋਧਨ ਕਰਦਿਆਂ ਉਨ੍ਹਾਂ ਕਿਹਾ।

BYTE

ਉਨ੍ਹਾਂ ਕਿਹਾ ਕਿ ਦੁੱਧ ਦੀ ਖਰੀਦ 660 ਲੱਖ ਲੀਟਰ ਪ੍ਰਤੀ ਦਿਨ ਏ ਅਤੇ ਸਰਕਾਰ ਦਾ ਟੀਚਾ 2028-29 ਤੱਕ ਪ੍ਰਤੀ ਦਿਨ ਦੁੱਧ ਦੀ ਖਰੀਦ ਨੂੰ ਇੱਕ ਹਜ਼ਾਰ ਲੱਖ ਮੀਟ੍ਰਿਕ ਟਨ ਤੱਕ ਵਧਾਉਣਾ ਏ।

-----------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਭਰ ਦੀਆਂ ਲਿੰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡੇਸ਼ਨ ਦੇ ਕਮ ਦੀ ਸ਼ੁਰੂਆਤ ਕੀਤੀ। ਉਨ੍ਹਾਂ ਐਲਾਨ ਕੀਤਾ ਸੂਬੇ 'ਚ 19 ਹਜ਼ਾਰ 492 ਕਿਲੋਮੀਟਰ ਸੜਕਾਂ 'ਤੇ 3 ਹਜ਼ਾਰ 425 ਕਰੋੜ ਰੁਪਏ ਖਰਚੇ ਜਾਣਗੇ। ਜ਼ਿਲਾ ਤਰਨਤਾਰਨ ਦੇ ਝੱਬਾਲ 'ਚ ਸੂਬੀ ਪੱਧਰੀ ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਵਿਕਾਸ ਕਾਰਜ ਉਨ੍ਹਾਂ ਦੇ ਦਿੱਤੇ ਗਏ ਟੈਕਸ ਦੇ ਪੈਸੇ ਨਾਲ ਹੋ ਰਹੇ ਹਨ। ਮਾਨ ਨੇ ਕਿਹਾ ਕਿ ਪੰਜਾਬ ਦੇ ਵਿਕਾਸ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਏ।

BYTE

ਇਸ ਮੌਕੇ ਮੁੱਖ ਮੰਤਰੀ ਨੇ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਹਰਮੀਤ ਸਿੰਘ ਸੰਧੂ ਨੂੰ ਉਮੀਦਵਾਰ ਐਲਾਨਿਆ। ਜ਼ਿਕਰ ਯੋਗ ਏ ਕਿ ਹਰਮੀਤ ਸਿੰਘ ਸੰਧੂ ਵਿਧਾਨ ਸਭਾ ਹਲਕਾ ਤਰਨ ਤਰਨ ਤੋਂ ਤਿੰਨ ਵਾਰ ਵਿਧਾਇਕ ਰਹਿ ਚੁੱਕੇ ਹਨ। ਇਸ ਮੌਕੇ ਹਰਮੀਤ ਸਿੰਘ ਸੰਧੂ ਨੇ ਪੰਜਾਬ ਸਰਕਾਰ ਸਰਹੱਦੀ ਇਲਾਕੇ ਦੇ ਲੋਕਾਂ ਨੂੰ ਵਿਸ਼ੇਸ਼ ਸਹੂਲਤਾਂ ਦੇਣ ਲਈ ਵਚਨਬੱਧ ਏ। ਉਹਨਾਂ ਕਿਹਾ ਕਿ ਸਰਕਾਰ ਬਿਨਾਂ ਕਿਸੇ ਭੇਦਭਾਵ ਦੇ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਕਾਰਜ ਕਰ ਰਹੀ ਏ। ਸ਼੍ਰੋਮਣੀ

ਅਕਾਲੀ ਦਲ ਨੇ ਸੁਖਵਿੰਦਰ ਕੌਰ ਰੰਧਾਵਾ ਅਤੇ BJP ਨੇ ਹਰਜੀਤ ਸਿੰਘ ਸੰਧੂ ਨੂੰ ਪਹਿਲਾਂ ਹੀ ਨੁਮਾਇੰਦਾ ਐਲਾਨਿਆ ਹੋਇਆ ਹੈ।

---------------------------------------------------------------------------------

ਪੰਜਾਬ ਸਰਕਾਰ ਵੱਲੋਂ ਅੱਜ 'ਜਣੇਪਾ ਲਾਭ ਐਕਟ, 1961' ਦੇ ਅਨੁਸਾਰ ਆਸ਼ਾ ਅਤੇ ਆਸ਼ਾ ਫੈਸੀਲੀਟੇਟਰਾਂ ਨੂੰ ਜਣੇਪਾ ਛੁੱਟੀ ਦਾ ਲਾਭ ਦੇਣ ਲਈ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ। ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਤੇ ਅਦਾਰਿਆਂ ਨਾਲ ਸਬੰਧਤ ਪੰਜ ਕਰਮਚਾਰੀ ਸੰਗਠਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਦੌਰਾਨ, ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਸਦਾ ਐਲਾਨ ਕੀਤਾ। ਸ੍ਰੀ ਚੀਮਾ ਨੇ ਕਿਹਾ ਕਿ ਇਸ ਨਵੇਂ ਨੋਟੀਫਿਕੇਸ਼ਨ ਤਹਿਤ, ਆਸ਼ਾ ਅਤੇ ਆਸ਼ਾ ਫੈਸੀਲੀਟੇਟਰ ਜਣੇਪਾ ਛੁੱਟੀ ਦੌਰਾਨ ਨਿਰਧਾਰਿਤ ਮਹੀਨੇਵਾਰ ਮਾਣਭੱਤਾ ਪ੍ਰਾਪਤ ਕਰਨ ਦੇ ਯੋਗ ਹੋਣਗੇ। ਇਸ ਤੋਂ ਇਲਾਵਾ, 'ਜਣੇਪਾ ਲਾਭ ਐਕਟ, 1961' ਵਿੱਚ ਭਵਿੱਖ ਵਿੱਚ ਹੋਣ ਵਾਲੀਆਂ ਸਾਰੀਆਂ ਸੋਧਾਂ ਵੀ ਉਨ੍ਹਾਂ 'ਤੇ ਲਾਗੂ ਹੋਣਗੀਆਂ। ਜਥੇਬੰਦੀ ਨੇ ਇਸ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਸਵੀਕਾਰ ਕਰਨ ਲਈ ਵਿੱਤ ਮੰਤਰੀ ਦਾ ਧੰਨਵਾਦ ਕੀਤਾ। ਵਿਚਾਰ-ਵਟਾਂਦਰੇ ਦੌਰਾਨ, ਵਿੱਤ ਮੰਤਰੀ ਚੀਮਾ ਨੇ ਸਬੰਧਤ ਵਿਭਾਗਾਂ ਨੂੰ ਯੂਨੀਅਨ ਆਗੂਆਂ ਦੁਆਰਾ ਉਠਾਈਆਂ ਗਈਆਂ ਜਾਇਜ਼ ਮੰਗਾਂ 'ਤੇ

ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਵਿੱਤ ਮੰਤਰੀ ਨੇ ਸਬੰਧਤ ਵਿਭਾਗਾਂ ਨੂੰ ਵਿੱਤ ਵਿਭਾਗ ਨਾਲ ਸਬੰਧਤ ਮੰਗਾਂ ਲਈ ਪ੍ਰਸਤਾਵ ਤਿਆਰ ਕਰਨ ਅਤੇ ਉਨ੍ਹਾਂ ਨੂੰ ਵਿਚਾਰ ਅਤੇ ਜ਼ਰੂਰੀ ਕਾਰਵਾਈ ਲਈ ਤੁਰੰਤ ਵਿੱਤ ਵਿਭਾਗ ਨੂੰ ਭੇਜਣ ਦੇ ਨਿਰਦੇਸ਼ ਵੀ ਦਿੱਤੇ।

------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ GST ਬਚਤ ਉਤਸਵ, ਜੋ ਇਸ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ ਸੀ, ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ। ਅਗਲੀ ਪੀੜ੍ਹੀ ਦੇ GST ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੇ। ਇਹ ਸੁਧਾਰ ਵੱਖ-ਵੱਖ ਵਸਤਾਂ ਅਤੇ ਸੇਵਾਵਾਂ 'ਤੇ ਟੈਕਸ ਦਰਾਂ ਘਟਾ ਕੇ,ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ ਨੇ। ਅੱਜ ਅਸੀਂ ਸਟੇਸ਼ਨਰੀ ਵਸਤਾਂ'ਤੇ ਜੀਐਸਟੀ ਕਟੌਤੀ ਬਾਰੇ ਗੱਲ ਕਰਦੇ ਹਾਂ

ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਤਹਿਤ, ਸਰਕਾਰ ਨੇ ਸਟੇਸ਼ਨਰੀ ਵਸਤਾਂ ਲਈ ਵੱਡੀ ਰਾਹਤ ਦਾ ਐਲਾਨ ਕੀਤਾ ਏ । ਵਿਦਿਆਰਥੀਆਂ ਅਤੇ ਪ੍ਰਚੂਨ ਵਿਕਰੇਤਾਵਾਂ ਨੂੰ ਨਵੇਂ ਜੀਐਸਟੀ ਸੁਧਾਰਾਂ ਨਾਲ ਲਾਭ ਹੋ ਰਿਹਾ ਏ। ਪੈਨਸਿਲਾਂ 'ਤੇ ਜੀਐਸਟੀ ਖਤਮ ਕਰ ਦਿੱਤਾ ਗਿਆ ਏ । ਨੋਟਬੁੱਕਾਂ ਅਤੇ ਕਾਪੀਆਂ, ਜਿਨ੍ਹਾਂ ਵਿੱਚ exercise books, graph books,ਅਤੇ ਪ੍ਰਯੋਗਸ਼ਾਲਾ ਨੋਟਬੁੱਕ ਸ਼ਾਮਲ ਨੇ, ‘ਤੇ ਪਹਿਲਾਂ 12 ਫੀਸਦੀ ਐਕਸ ਲਗਦਾ ਸੀ ਪਰ ਹੁਣ ਪੂਰੀ ਤਰ੍ਹਾਂ ਟੈਕਸ-ਮੁਕਤ ਨੇ. ਇਰੇਜ਼ਰ ਵੀ ਜੀਐਸਟੀ-ਮੁਕਤ ਹੋ ਗਏ ਨੇ, ਜਿਹਨਾਂ ‘ਤੇ ਪਹਿਲਾਂ 5 ਪ੍ਰਤੀਸ਼ਤ ਟੈਕਸ ਲਗਦਾ ਸੀ । ਪੈਨਸਿਲ ਸ਼ਾਰਪਨਰ ‘ਤੇ ਹੁਣ ਕੋਈ

ਜੀਐਸਟੀ ਨਹੀਂ ਲਗਦਾ. ਇਸ ਤੋਂ ਇਲਾਵਾ, ਜਿਓਮੈਟਰੀ ਬਾਕਸ ਅਤੇ ਗਣਿਤ ਦੇ ਯੰਤਰ ਸੈੱਟ, ਜਿਨ੍ਹਾਂ 'ਤੇ ਪਹਿਲਾਂ 12 ਫੀਸਦੀ ਜੀਐਸਟੀ ਸੀ, 'ਤੇ ਹੁਣ ਸਿਰਫ਼ 5 ਫੀਸਦੀ GST ਲਗੇਗਾ. ਇਨ੍ਹਾਂ ਤਬਦੀਲੀਆਂ ਨਾਲ ਜ਼ਰੂਰੀ ਸਟੇਸ਼ਨਰੀ ਅਤੇ ਵਿਦਿਅਕ ਸਾਧਨਾਂ ਦੀ ਕੀਮਤ ਘਟਣ ਦੀ ਉਮੀਦ ਏ, ਜਿਸ ਨਾਲ ਦੇਸ਼ ਭਰ ਦੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਫਾਇਦਾ ਹੋਵੇਗਾ। ਪ੍ਰਚੂਨ ਵਿਕਰੇਤਾਵਾਂ ਅਤੇ ਛੋਟੇ ਦੁਕਾਨਦਾਰਾਂ ਦੀ ਵਿਕਰੀ ਵਿੱਚ ਵੀ ਵਾਧਾ ਹੋਣ ਹੋਏਗਾ. ਸਰਕਾਰ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਏ ਕਿ ਇਹ ਕਦਮ ਸਿੱਖਿਆ ਨੂੰ ਹੁਲਾਰਾ ਦੇਣ, ਸਿੱਖਣ ਨੂੰ ਉਤਸ਼ਾਹਿਤ ਕਰਨ ਅਤੇ ਜ਼ਰੂਰੀ ਸਮੱਗਰੀ ਨੂੰ ਸਾਰਿਆਂ ਲਈ ਕਿਫਾਇਤੀ ਅਤੇ ਪਹੁੰਚਯੋਗ ਬਣਾਉਣ ਲਈ, ਇੱਕ ਵੱਡੀ ਪਹਿਲਕਦਮੀ ਦਾ ਹਿੱਸਾ ਏ.

--------------------------------------------------------------------------------

ਰਾਜ ਸਭਾ ਮੈਂਬਰ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਹਾਲ ਹੀ ਦੀ ਪੰਜਾਬ ਹੜ ਵਿੱਚ ਆਪਣੇ ਪਰਿਵਾਰਕ ਮੈਂਬਰ ਗੁਆ ਚੁੱਕੇ ਪਰਿਵਾਰਾਂ ਨੂੰ ਪੱਕੀਆਂ ਨੌਕਰੀਆਂ ਦੇ ਨਿਯੁਕਤੀ ਪੱਤਰ ਸੌਂਪੇ । ਇਸ ਕਦਮ ਨਾਲ ਪ੍ਰਭਾਵਿਤ ਪਰਿਵਾਰਾਂ ਨੂੰ ਆਰਥਿਕ ਸਥਿਰਤਾ ਅਤੇ ਲੰਬੇ ਸਮੇਂ ਲਈ ਰੋਜ਼ਗਾਰ ਦੀ ਇੱਜ਼ਤ ਮਿਲੇਗੀ। ਇਹ ਮੁਹਿੰਮ, ਜਿਸ ਦਾ ਐਲਾਨ ਡਾ. ਮਿੱਤਲ ਨੇ 5 ਸਤੰਬਰ ਨੂੰ ਕੀਤਾ ਸੀ , ਉਨ੍ਹਾਂ ਦੇ ਵਾਅਦੇ ਦਾ ਹਿੱਸਾ ਸੀ ਕਿ ਹੜ ਪੀੜਤ ਪਰਿਵਾਰਾਂ ਨੂੰ ਲਗਾਤਾਰ ਸਹਾਇਤਾ ਦਿੱਤੀ ਜਾਵੇਗੀ।

--------------------------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਨੇ ਵਿੱਤੀ ਸਾਲ 2025

26 ਲਈ ਵਿਧਵਾਵਾਂ ਅਤੇ ਬੇਆਸਰਾ ਔਰਤਾਂ ਦੀ ਵਿੱਤੀ ਸਹਾਇਤਾ ਯੋਜਨਾ ਹੇਠ  1170 ਕਰੋੜ ਦਾ ਬਜਟ ਉਪਬੰਧ ਕੀਤਾ ਏ । ਉਨ੍ਹਾਂ ਦੱਸਿਆ ਕਿ ਇਸ ਸਾਲ ਅਗਸਤ ਤੱਕ  593 ਕਰੋੜ 14 ਲਖ ਜਾਰੀ ਕਰਕੇ 6 ਲੱਖ 66 ਹਜ਼ਾਰ ਔਰਤਾਂ ਨੂੰ ਸਿੱਧਾ ਲਾਭ ਦਿੱਤਾ ਜਾ ਚੁੱਕਾ ਏ । ਡਾ. ਬਲਜੀਤ ਕੌਰ ਨੇ ਕਿਹਾ ਕਿ ਸਰਕਾਰ ਦਾ ਟੀਚਾ ਸਿਰਫ਼ ਵਿੱਤੀ ਸਹਾਇਤਾ ਨਹੀਂ, ਸਗੋਂ ਔਰਤਾਂ ਨੂੰ ਆਤਮ-ਵਿਸ਼ਵਾਸੀ ਅਤੇ ਆਤਮ - ਨਿਰਭਰ ਬਣਾਉਣਾ ਏ । ਉਨ੍ਹਾਂ   ਕਿਹਾ ਕਿ ਅਜਿਹੀਆਂ ਸਕੀਮਾਂ ਰਾਹੀਂ ਔਰਤਾਂ ਨੂੰ ਸਸ਼ਕਤ ਬਣਾਉਣ ਨਾਲ ਉਹ ਪਰਿਵਾਰ ਅਤੇ ਸਮਾਜ ਵਿੱਚ ਵਧੇਰੇ ਸਰਗਰਮ ਭੂਮਿਕਾ ਨਿਭਾਉਂਦੀਆਂ ਹਨ।  ਸਹਾਇਤਾ ਰਾਸ਼ੀ ਬਿਨਾਂ ਕਿਸੇ ਰੁਕਾਵਟ ਸਿੱਧੀ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਪਹੁੰਚ ਰਹੀ ਏ , ਜਿਸ ਨਾਲ ਪਾਰਦਰਸ਼ਤਾ ਅਤੇ ਵਿਸ਼ਵਾਸ ਦੋਵਾਂ ਵਧੇ ਹਨ।

---------------------------------------------------------------------------------

ਜਲੰਧਰ ਦੇ ਜ਼ਿਲ੍ਹਾ ਮੈਜਿਸਟ੍ਰੇਟ ਡਾ. ਹਿਮਾਂਸ਼ੂ ਅਗਰਵਾਲ ਨੇ ਭਗਵਾਨ ਵਾਲਮੀਕਿ ਜੀ ਮਹਾਰਾਜ ਦੇ ਪ੍ਰਗਟ ਉਤਸਵ ਦੇ ਸਬੰਧ ਵਿੱਚ  6 ਅਤੇ 7 ਅਕਤੂਬਰ ਨੂੰ ਸ਼ਹਿਰ ਵਿੱਚ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਦੇ ਰਸਤੇ ਅਤੇ ਪ੍ਰਗਟ ਉਤਸਵ ਸਬੰਧੀ ਧਾਰਮਿਕ ਸਮਾਗਮ ਵਾਲੀ ਜਗ੍ਹਾ ਦੇ ਨੇੜੇ ਮੀਟ ਅਤੇ ਸ਼ਰਾਬ ਦੀ ਵਿਕਰੀ ’ਤੇ ਪਾਬੰਦੀ ਲਗਾਈ ਏ । ਸ਼ਹਿਰ ਵਿੱਚ

ਕੱਢੀ ਜਾ ਰਹੀ ਸ਼ੋਭਾ ਯਾਤਰਾ ਦੇ ਮੱਦੇਨਜ਼ਰ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝਦੇ ਹੋਏ 6 ਅਕਤੂਬਰ ਨੂੰ ਦੁਪਹਿਰ 2 ਵਜੇ ਤੋਂ ਬਾਅਦ ਜਲੰਧਰ ਮਿਊਂਸੀਪਲ ਕਾਰਪੋਰੇਸ਼ਨ ਦੀ ਹੱਦ ਵਿੱਚ ਸਥਿਤ ਸਰਕਾਰੀ ਅਤੇ ਪ੍ਰਾਈਵੇਟ ਸਕੂਲ, ਕਾਲਜ ਅਤੇ ਆਈ.ਟੀ.ਆਈਜ਼ ਵਿੱਚ ਛੁੱਟੀ ਦੇ ਹੁਕਮ ਜਾਰੀ ਕੀਤੇ ਗਏ ਨੇ ।

--------------------------------------------------------------------------------

ਸੀਮਾ ਸੁਰੱਖਿਆ ਬਲ ਨੇ ਪੰਜਾਬ ਪੁਲਿਸ ਨਾਲ ਮਿਲ ਕੇ ਪਿਛਲੇ 24 ਘੰਟਿਆਂ ਦੌਰਾਨ ਦੋ ਵੱਖ-ਵੱਖ ਸਾਂਝੇ ਆਪ੍ਰੇਸ਼ਨਾਂ ਵਿੱਚ, ਅੰਮ੍ਰਿਤਸਰ ਅਤੇ ਤਰਨਤਾਰਨ ਜ਼ਿਲ੍ਹਿਆਂ ਵਿੱਚ 5 ਅਪਰਾਧੀਆਂ ਨੂੰ ਹਥਿਆਰਾਂ, ਗੋਲਾ ਬਾਰੂਦ ਅਤੇ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਬੀਐਸਐਫ ਸੂਤਰਾਂ ਨੇ ਦੱਸਿਆ ਕਿ ਇੱਕ ਸੂਹ ਦੇ ਆਧਾਰ 'ਤੇ, ਵੱਲਾ ਸਬਜ਼ੀ ਮੰਡੀ ਦੇ ਖੇਤਰ ਵਿੱਚ ਅੰਮ੍ਰਿਤਸਰ ਪੁਲਿਸ ਨਾਲ ਤਾਲਮੇਲ ਕਰਕੇ ਇੱਕ ਸਾਂਝਾ ਆਪ੍ਰੇਸ਼ਨ ਰਣਨੀਤਕ ਤੌਰ 'ਤੇ ਯੋਜਨਾਬੱਧ ਕੀਤਾ ਗਿਆ ਸੀ। ਜਵਾਨਾਂ ਨੇ 2 ਮੁਲਜ਼ਮਾਂ ਨੂੰ ਉਨ੍ਹਾਂ ਦੇ ਕਬਜ਼ੇ ਵਿੱਚੋਂ 2 ਪਿਸਤੌਲਾਂ ਅਤੇ 7 ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ । ਮੁਲਜ਼ਮ, ਅੰਮ੍ਰਿਤਸਰ ਦੇ ਪਿੰਡ-ਕੁਰਾਲੀਆ ਅਤੇ ਮੁਹੰਮਦ ਮੁਦਰੇਵਾਲਾ ਦੇ ਵਸਨੀਕ ਹਨ।

ਇੱਕ ਹੋਰ ਆਪ੍ਰੇਸ਼ਨ ਵਿੱਚ, ਤਰਨਤਾਰਨ ਸਰਹੱਦੀ ਖੇਤਰ ਵਿੱਚ ਗਸ਼ਤ ਕਰ ਰਹੇ ਬੀਐਸਐਫ ਜਵਾਨਾਂ ਨੇ ਕੁਝ ਸ਼ੱਕੀ ਗਤੀਵਿਧੀਆਂ ਵੇਖੀਆਂ । ਤੇਜ਼ੀ ਨਾਲ ਕਾਰਵਾਈ ਕਰਦੇ ਹੋਏ,ਜਵਾਨਾਂ ਨੇ 3 ਸ਼ੱਕੀ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਅੱਧਾ ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ। ਇਹ ਸਾਰੇ ਮੁਲਜ਼ਮ ਅੱਗੇ ਦੀ ਜਾਂਚ ਲਈ ਪੰਜਾਬ ਪੁਲਿਸ ਦੀ ਹਿਰਾਸਤ ਵਿੱਚ ਨੇ ।

---

ਮੌਸਮ ਵਿਭਾਗ ਨੇ ਪੰਜਾਬ ਵਿੱਚ 5 ਤੋਂ 7 ਅਕਤੂਬਰ ਤੱਕ ਗਰਜ ਤੇ ਤੇਜ਼ ਹਵਾਵਾਂ ਦੇ ਨਾਲ ਭਾਰੀ ਤੋਂ ਬਹੁਤ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ । ਮੌਸਮ ਵਿਭਾਗ ਨੇ 5 ਅਤੇ 7 ਅਕਤੂਬਰ ਨੂੰ ਯੈਲੋ ਅਲਰਟ ਅਤੇ 6 ਅਕਤੂਬਰ ਨੂੰ ਓਰੇਂਜ ਅਲਰਟ ਜਾਰੀ ਕੀਤਾ ਏ । ਚੰਡੀਗੜ੍ਹ ਅਤੇ ਹਰਿਆਣਾ ਦੇ ਕੇਂਦਰ ਸ਼ਾਸ਼ਿਤ ਪ੍ਰਦੇਸ਼ਾਂ ਲਈ ਵੀ ਇਸੇ ਤਰ੍ਹਾਂ ਦੇ ਅਲਰਟ ਜਾਰੀ ਕੀਤੇ ਗਏ ਹਨ। ਜਿਨ੍ਹਾਂ ਖੇਤਰਾਂ ਵਿੱਚ ਭਾਰੀ ਤੋਂ ਬਹੁਤ ਭਾਰੀ ਮੀਂਹ ਪੈਣ ਦੀ ਸੰਭਾਵਨਾ ਏ , ਉਨ੍ਹਾਂ ਵਿੱਚ ਪਹਿਲਾਂ ਹੀ ਸੂਬੇ ਵਿੱਚ ਆਏ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਖੇਤਰ ਸ਼ਾਮਲ ਨੇ । ਇਨ੍ਹਾਂ ਵਿੱਚ ਗੁਰਦਾਸਪੁਰ, ਫਾਜ਼ਿਲਕਾ, ਫਿਰੋਜ਼ਪੁਰ, ਅੰਮ੍ਰਿਤਸਰ, ਪਠਾਨਕੋਟ,

ਕਪੂਰਥਲਾ, ਹੁਸ਼ਿਆਰਪੁਰ ਅਤੇ ਜਲੰਧਰ ਤੋਂ ਇਲਾਵਾ ਕੁਝ ਹੋਰ ਜ਼ਿਲੇ ਵੀ ਸ਼ਾਮਲ ਨੇ।

-----------------------------------------------------------------------------

ਮੌਸਮ ਵਿਭਾਗ ਨੇ ਜੰਮੂ ਕਸ਼ਮੀਰ ਵਿੱਚ ਕੱਲ੍ਹ ਸ਼ਾਮ ਤੋਂ ਤਿੰਨ ਦਿਨਾਂ ਤੱਕ ਮੀਂਹ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ ਏ , ਜਿਸ ਨਾਲ ਖੇਤਰ ਦੇ ਉੱਚੇ ਇਲਾਕਿਆਂ ਵਿੱਚ ਸੀਜ਼ਨ ਦੀ ਪਹਿਲੀ ਬਰਫ਼ਬਾਰੀ ਹੋਣ ਦੀ ਸੰਭਾਵਨਾ ਏ। ਮੌਸਮ ਵਿਭਾਗ ਨੇ ਕੱਲ੍ਹ ਤੋਂ ਇੱਕ ਪੱਛਮੀ ਗੜਬੜੀ ਦੀ ਭਵਿੱਖਬਾਣੀ ਕੀਤੀ ਏ ਜੋ ਜੰਮੂ ਕਸ਼ਮੀਰ ਅਤੇ ਆਲੇ ਦੁਆਲੇ ਦੇ ਖੇਤਰਾਂ ਨੂੰ ਪ੍ਰਭਾਵਿਤ ਕਰ ਸਕਦੀ ਏ। ਮੌਸਮ ਵਿਭਾਗ ਨੇ ਚੇਤਾਵਨੀ ਦਿੱਤੀ ਏ ਕਿ ਪ੍ਰਤੀਕੂਲ ਮੌਸਮ, ਆਵਾਜਾਈ ,  ਖਾਸ ਕਰਕੇ ਜੰਮੂ-ਸ਼੍ਰੀਨਗਰ ਅਤੇ ਸ਼੍ਰੀਨਗਰ-ਲੇਹ ਰਾਸ਼ਟਰੀ ਰਾਜਮਾਰਗਾਂ ਵਰਗੇ ਮੁੱਖ ਮਾਰਗਾਂ 'ਤੇਵਿੱਚ ਕਾਫ਼ੀ ਵਿਘਨ ਪਾ ਸਕਦਾ ਏ ,। ਵਿਭਾਗ ਨੇ ਖੇਤਰ ਦੇ ਕਿਸਾਨਾਂ ਨੂੰ ਫਸਲਾਂ ਅਤੇ ਉਪਕਰਣਾਂ ਦੇ ਸੰਭਾਵੀ ਨੁਕਸਾਨ ਤੋਂ ਬਚਣ ਲਈ ਇਸ ਮਹੀਨੇ ਦੀ 5 ਤੋਂ 7 ਤਰੀਕ ਦੇ ਵਿਚਕਾਰ ਸਾਰੇ ਖੇਤੀਬਾੜੀ ਕਾਰਜਾਂ ਨੂੰ ਮੁਲਤਵੀ ਕਰਨ ਦੀ ਅਪੀਲ ਕੀਤੀ ਏ।

-----------------------------------------------------------------------------

- ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ  ਅਮਿਤ ਸ਼ਾਹ ਨੇ ਹਰਿਆਣਾ ਦੇ ਰੋਹਤਕ ਵਿੱਚ ਸਾਬਰ ਡੇਅਰੀ ਪਲਾਂਟ ਦਾ ਉਦਘਾਟਨ ਕੀਤਾ-ਕਿਹਾ ਦੇਸ਼ ਦੇ ਡੇਅਰੀ ਸੈਕਟਰ ਵਿੱਚ ਪਿਛਲੇ 11 ਸਾਲਾਂ ਵਿੱਚ 70 ਫੀਸਦੀ ਦਾ ਬੇਮਿਸਾਲ ਵਾਧਾ ਹੋਇਆ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਸੂਬੇ ਭਰ ਦੀਆਂ ਲਿੰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡੇਸ਼ਨ ਦੇ ਕੰਮ ਦੀ ਸ਼ੁਰੂਆਤ-ਸੂਬੇ 'ਚ ਸੜਕਾਂ 'ਤੇ 3 ਹਜ਼ਾਰ 425 ਕਰੋੜ ਰੁਪਏ ਖਰਚੇ ਜਾਣਗੇ।
- ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਜ਼ਿਮਨੀ ਚੋਣ ਲਈ ਹਰਮੀਤ ਸਿੰਘ ਸੰਧੂ ਨੂੰ ਉਮੀਦਵਾਰ ਐਲਾਨਿਆ ਗਿਆ।
- ਪੰਜਾਬ ਸਰਕਾਰ ਵੱਲੋਂ ਆਸ਼ਾ ਵਰਕਰਾਂ ਅਤੇ ਫੈਸੀਲੀਟੇਟਰਾਂ ਨੂੰ ਜਣੇਪਾ ਛੁੱਟੀ ਦਾ ਲਾਭ ਦੇਣ ਸਬੰਧੀ ਨੋਟੀਫਿਕੇਸ਼ਨ ਜਾਰੀ
- ਮੌਸਮ ਵਿਭਾਗ ਨੇ ਪੰਜਾਬ ਵਿੱਚ 5 ਤੋਂ 7 ਅਕਤੂਬਰ ਤੱਕ ਗਰਜ ਤੇ ਤੇਜ਼ ਹਵਾਵਾਂ ਦੇ ਨਾਲ ਭਾਰੀ ਤੋਂ ਬਹੁਤ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ।

---------------------------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ!**